ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਵੱਡੀ ਕਾਰਵਾਈ ਨਸ਼ੇ ਕਰਨ ਦੀ ਆਦੀ ਕੁੜੀ ਨੂੰ ਘਰਦਿਆਂ ਵੱਲੋਂ ਬੰਨਿਆ ਗਿਆ ਲੋਹੇ ਦੀਆਂ ਜੰਜੀਰਾਂ ਨਾਲ

ਪੁਲਿਸ ਵਲੋਂ ਉਸ ਨੂੰ ਰੈਸਕਿਊ ਕਰਵਾ ਕੇ ਕਰਵਾਇਆ ਹਸਪਤਾਲ ਦਾਖਲ




ਸ੍ਰੀ ਮੁਕਤਸਰ ਸਾਹਿਬ ( )ਮਾਨਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਅੰਦਰ ਨਸ਼ਿਆਂ ਖਿਲਾਫ ਮਹਿਮ ਵਿਢੀ ਗਈ ਹੈ। ਜਿਸਦੇ ਚੱਲਦਿਆਂ ਪੁਲਿਸ ਦੀਆਂ ਅਲੱਗ-ਅਲੱਗ ਟੁਕੜਿਆਂ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਸੈਮੀਨਰ ਲਗਾ ਕੇ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਅਤੇ ਜੋ ਨਸ਼ਾ ਕਰਨ ਦੇ ਆਦੀ ਹਨ, ਉਹਨਾਂ ਦਾ ਇਲਾਜ ਕਰਵਾਇਆ ਜਾ ਰਿਹਾ। ਇਸੇ ਤਹਿਤ ਹੀ ਟਿੱਬੀ ਸਾਹਿਬ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਲੜਕੀ ਜੋ ਕਿ ਨਸ਼ਾ ਕਰਨ ਦੀ ਆਦੀ ਸੀ ਅਤੇ ਉਸ ਨੂੰ ਉਸ ਦੇ ਘਰਦਿਆਂ ਵੱਲੋਂ ਬੰਦੀ ਬਣਾ ਕੇ ਲੋਹੇ ਦੀਆਂ ਜੰਜੀਰਾਂ ਨਾਲ ਬੰਨ ਕੇ ਰੱਖਿਆ ਹੋਇਆ ਸੀ। ਜਦੋਂ ਐਸ.ਐਸ.ਪੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਨੂੰ ਇਸ ਬਾਰੇ ਸੂਚਨਾ ਮਿਲੀ ਤਾਂ ਉਹਨਾਂ ਵੱਲੋਂ ਤੁਰੰਤ ਹੀ ਸ੍ਰੀ ਮਨਮੀਤ ਸਿੰਘ ਢਿੱਲੋ ਐਸ.ਪੀ (ਡੀ) ਨੂੰ ਉੱਥੇ ਭੇਜ ਕੇ ਲੜਕੀ ਨੂੰ ਉਸ ਦੇ ਘਰ ਵਿੱਚੋਂ ਲੋਹੇ ਦੀਆਂ ਜੰਜੀਰਾਂ ਨੂੰ ਖੋਲ ਕੇ ਰੈਸਕਿਊ ਕਰਵਾ ਕੇ, ਉਸ ਲੜਕੀ ਨੂੰ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਇਲਾਜ ਕਰਵਾਉਣ ਲਈ ਦਾਖਲ ਕਰਵਾਇਆ ਗਿਆ।